**Vigilance Bureau Punjab**

**VIGILANCE NABS REVENUE PATWARI IN BRIBERY CASE**

Chandigarh, March 5: State Vigilance Bureau, during its ongoing campaign against corruption today nabbed Revenue Patwari red handed while accepting bribe of Rs. 13000/-.

Disclosing this here an official spokesperson of the Vigilance Bureau said Subhash Chander Patwari posted at Alam Shah in Fazilka district was nabbed red handed by Vigilance team for accepting bribe of Rs. 13000 from complainant Gurmeet Singh of village Alam Shah, Fazilka district.

The Complainant has approached the VB that the accused Patwari was demanding Rs. 13000 for mutation of his land. After verifying his information, the Vigilance team laid a trap and the accused Patwari was arrested on the spot while accepting bribe of Rs. 13,000/- from the complainant in the presence of two official witnesses

He informed that a case under Prevention of Corruption Act has been registered against the accused at VB police station Ferozepur and further investigations was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਪਟਵਾਰੀ ਰਿਸ਼ਵਤ ਲੈਂਦਾ ਕਾਬੂ**

ਚੰਡੀਗੜ੍ਹ, 5 ਮਾਰਚ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿਮ ਦੌਰਾਨ ਅੱਜ ਮਾਲ ਹਲਕਾ ਆਲਮ ਸ਼ਾਹ, ਜਿਲਾ ਫਾਜਿਲਕਾ ਵਿਖੇ ਤਾਇਨਾਤ ਪਟਵਾਰੀ ਨੂੰ 13,000 ਰੁਪਏ ਦੀ ਰਿਸ਼ਵਤ ਲੈਂਦਾ ਹੋਇਆ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਆਲਮ ਸ਼ਾਹ, ਜਿਲਾ ਫਾਜਿਲਕਾ ਵਿਖੇ ਤਾਇਨਾਤ ਪਟਵਾਰੀ ਸੁਭਾਸ਼ ਚੰਦਰ ਨੂੰ ਸ਼ਿਕਾਇਤਕਰਤਾ ਗੁਰਮੀਤ ਸਿੰਘ ਵਾਸੀ ਪਿੰਡ ਆਲਮ ਸ਼ਾਹ ਦੀ ਸ਼ਿਕਾਇਤ 'ਤੇ 13000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਚਾਚੇ ਨਾਲ ਜਮੀਨ ਦੇ ਕੀਤੇ ਗਏ ਤਬਾਦਲੇ ਉਪਰੰਤ ਜਮੀਨ ਦਾ ਇੰਤਕਾਲ ਕਰਨ ਬਦਲੇ 13000 ਰੁਪਏ ਦੀ ਮੰਗ ਕੀਤੀ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 13,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।